# ਮਿਡ-ਡੇ-ਮੀਲ ਸੋਸਾਇਟੀ, ਪੰਜਾਬ

ਪੰਜਾਬ ਸਿੱਖਿਆ ਭਵਨ (ਪੀ.ਐਸ.ਈ.ਬੀ.) ਈ ਬਲਾਕ, ਪੰਜਵੀਂ ਮੰਜ਼ਿਲ,
ਅਜੀਤਗੜ੍ਹ (ਮੋਹਾਲੀ) ਪੰਜਾਬ E-mail id: mdmpunjab@punjabeducation.gov.in
ਫੋਨ ਨੰ. 0172-2210019

ਵੱਲੋਂ

2023940428 ਮ.-2
17/7/2023
17/7

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ),
ਸਮੂਹ ਸਕੂਲ ਮੁੱਖੀ (ਵੈਬ-ਸਾਇਟ ਤੇ)
ਪੰਜਾਬ।

ਮੀਮੋ ਨੰ.ਐਮ.ਡੀ.ਐਮ.ਐਸ./ਜੀ.ਐਮ./2023/196292
ਮਿਤੀ:- 17/07/2023

**ਵਿਸ਼ਾ:-** **ਡੈਂਗੂ ਅਤੇ ਮਲੇਰੀਏ ਦੀ ਰੋਕਥਾਮ ਲਈ ਸਟੇਟ ਟਾਸਕ ਫੋਰਸ ਦੀ ਮੀਟਿੰਗ ਸਬੰਧੀ।**

ਉਪਰੋਕਤ ਵਿਸ਼ੇ ਸਬੰਧੀ ਮਿਤੀ 30/05/2023 ਨੂੰ ਮਾਨਯੋਗ ਸਿਹਤ ਮੰਤਰੀ, ਪੰਜਾਬ ਜੀ ਦੀ ਪ੍ਰਧਾਨਗੀ ਹੇਠ ਡੈਂਗੂ ਅਤੇ ਮਲੇਰੀਏ ਦੀ ਰੋਕਥਾਮ ਲਈ ਸਟੇਟ ਟਾਸਕ ਫੋਰਸ ਦੀ ਮੀਟਿੰਗ ਕੀਤੀ ਗਈ।

2.0 ਪੰਜਾਬ ਰਾਜ ਵਿੱਚ ਡੈਂਗੂ ਅਤੇ ਹੋਰ ਵੈਕਟਰ ਬੋਰਨ ਬਿਮਾਰੀਆ ਦਾ ਸੀਜ਼ਨ ਸ਼ੁਰੂ ਹੋਣ ਸਬੰਧੀ ਅਤੇ ਅੱਗੇ ਆਉਣ ਵਾਲੀਆਂ ਬਰਸਾਤਾਂ ਨੂੰ ਮੁੱਖ ਰੱਖਦੇ ਹੋਏ ਡੈਂਗੂ ਅਤੇ ਮਲੇਰੀਏ ਦੀ ਬਿਮਾਰੀ ਵਿੱਚ ਵਾਧਾ ਹੋਣ ਦੀ ਸੰਭਾਵਨਾ ਹੈ। ਇਸ ਲਈ ਆਪ ਨੂੰ ਲਿਖਿਆ ਜਾਂਦਾ ਹੈ ਕਿ ਸਕੂਲ ਮੈਨੇਜਮੈਂਟ ਕਮੇਟੀਆਂ ਹੈਲਥ ਵਿਭਾਗ ਨਾਲ ਵੈਕਟਰ ਬੋਰਨ ਬਿਮਾਰੀ ਦੇ ਸੰਚਾਰ ਵਿੱਚ ਸ਼ਾਮਲ ਸਾਰੇ ਵੈਕਟਰਾਂ ਦੇ ਲਾਰਵੇ ਅਤੇ ਬਾਲਗਾਂ ਦੀ ਪਛਾਣ ਕਰਨ ਸਬੰਧੀ ਤਾਲਮੇਲ ਅਤੇ ਵਰਕਸ਼ਾਪਾਂ ਦਾ ਆਯੋਜਨ ਕੀਤਾ ਜਾਵੇ ਤਾਂ ਜੋਕਿ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਜਾ ਸਕੇ ਅਤੇ ਸਵੇਰ ਦੀਆਂ ਸਭਾਵਾਂ ਵਿੱਚ ਲੈਕਚਰ ਦਿੱਤਾ ਜਾਵੇ। ਵਿਦਿਆਰਥੀਆਂ ਵੱਲੋਂ ਆਮ ਜਨਤਾ ਨੂੰ ਜਾਗਰੂਕ ਕਰਨ ਹਿੱਤ ਰੈਲੀਆਂ ਕਢੀਆਂ ਜਾਂਣ ਤਾਂ ਜੋ ਕਿ ਡੇਂਗੂ ਅਤੇ ਮਲੇਰੀਆ ਦੀ ਬਿਮਾਰੀਆਂ ਨੂੰ ਫੈਲਣ ਤੋਂ ਰੋਕਿਆ ਜਾ ਸਕੇ।

3.0 ਆਪ ਦੇ ਅਧੀਨ ਆਉਂਦੇ ਸਰਕਾਰੀ ਦਫਤਰਾਂ, ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਇਨ੍ਹਾਂ ਬਿਮਾਰੀਆਂ ਦੇ ਬਚਾਓ ਅਤੇ ਰੋਕਥਾਮ ਕਰਨ ਲਈ ਗਤੀਵਿਧੀਆਂ ਨੂੰ ਤੇਜ ਕੀਤਾ ਜਾਵੇ ਅਤੇ ਖਾਸ ਕਰਕੇ " ਡਰਾਈ ਡੇ " ਦੀਆਂ ਗਤੀਵਿਧੀਆਂ ਤੋਂ ਜਾਣੂ ਕਰਵਾਇਆ ਜਾਵੇ, ਜਿਵੇ ਕੂਲਰਾਂ ਦੇ ਪਾਣੀ ਨੂੰ ਖਾਲੀ ਕਰਕੇ ਸੁਕਾਇਆ ਜਾਵੇ, ਫਰਿੱਜਾਂ ਦੀਆਂ ਵੇਸਟ ਪਾਣੀ ਦੀਆਂ ਟ੍ਰੇਆਂ ਦੇ ਪਾਣੀ ਨੂੰ ਖਤਮ ਕੀਤਾ ਜਾਵੇ, ਘਰਾਂ ਦੀਆ ਛੱਤਾਂ ਤੇ ਪਏ ਟੁਟੇ ਬਰਤਨਾ ਅਤੇ ਪੁਰਾਣੇ ਟਾਈਰਾਂ ਨੂੰ ਆਦਿ ਨੂੰ ਨਸ਼ਟ ਕੀਤਾ ਜਾਵੇ ਘਰਾਂ ਅਤੇ ਸਕੂਲਾਂ ਵਿੱਚ ਹਰ ਪ੍ਰਕਾਰ ਦੇ ਪਾਣੀ ਦੇ ਬਰਤਨ ਖਾਲੀ ਕਰਕੇ ਸੁਕਾਏ ਜਾਣ ਅਤੇ ਪਾਣੀ ਦੀਆਂ ਟੈਂਕੀਆਂ ਦੇ ਢੱਕਣ ਕਸ ਕੇ ਬੰਦ ਕੀਤੇ ਜਾਣ ਤਾਂ ਜੋ ਮੱਛਰਾਂ ਦੇ ਲਾਰਵੇ ਦੀ ਪੈਦਾਇਸ਼ ਦੇ ਸੋਮਿਆਂ ਨੂੰ ਖਤਮ ਕੀਤਾ ਜਾ ਸਕੇ।

4.0 ਸਰਕਾਰੀ ਦਫਤਰਾਂ, ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਮੁੱਖੀਆਂ ਨੂੰ ਹਫਤੇ ਦੇ ਹਰ ਸ਼ੁੱਕਰਵਾਰ ਵਾਲੇ ਦਿਨ ਡਰਾਈ ਡੇ ਰੱਖਣ ਦੀਆਂ ਹਦਾਇਤਾਂ ਜਾਰੀ ਕੀਤੀਆਂ ਜਾਣ ਤਾਂ ਜੋ ਮੱਛਰਾਂ ਦੀ ਪੈਦਾਇਸ਼ ਨੂੰ ਰੋਕਿਆ ਜਾ ਸਕੇ।

5.0 ਪੀਣ ਵਾਲਾ ਪਾਣੀ ਸਾਫ ਸੁਥਰਾ ਰੱਖਿਆ ਜਾਵੇ ਅਤੇ ਵਿਦਿਆਰਥੀਆਂ ਨੂੰ ਮਿਡ ਡੇ ਮੀਲ ਖਾਣ ਤੋਂ ਪਹਿਲਾਂ ਅਤੇ ਬਾਅਦ ਵਿੱਚ ਚੰਗੀ ਤਰ੍ਹਾਂ ਸਾਬਣ ਨਾਲ ਹੱਥ ਧੁਆਏ ਜਾਣ।

6.0 ਸਿਹਤ ਵਿਭਾਗ ਦੇ ਸਬੰਧਤ ਅਧਿਕਾਰੀਆਂ/ਲੋਕਲ ਐਡਮੀਨਿਸਟ੍ਰੇਸ਼ਨ ਅਤੇ ਦਵਾਈ ਛਿੜਕਾਓ ਦਸਤਿਆਂ ਨਾਲ ਰਾਬਤਾ ਕਾਇਮ ਕਰਕੇ ਹਦਾਇਤਾਂ ਦੀ Compliance ਰਿਪੋਰਟ ਦਫਤਰ ਨੂੰ ਭੇਜਣੀ ਯਕੀਨੀ ਬਣਾਈ ਜਾਵੇ ਜੀ।

ਜਨਰਲ ਮੈਨੇਜਰ

ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ, ਜਲੰਧਰ
ਪਿਠ ਅੰਕਣ ਨੰ. ਸੀ/2/2023/199213
ਮਿਤੀ ਜਲੰਧਰ 19.7.2023

2/2